190826_pun_01_Layout 1 08/18/2026 10:09 PM Page 2

ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਨੂੰ ਲੈ ਕੇ ਅਨਾਜ ਮੰਡੀ ਵਿਖੇ ਬਣੀ ਸਟੇਜ 'ਤੇ ਬੈਠੇ ਹੋਏ ਸ਼੍ਰੋਮਣੀ ਅਕਾਲੀ ਦਲ (ਬ) ਦੇ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ ਅਤੇ ਵਰਕਰ।

ਸ਼੍ਰੋਮਣੀ ਅਕਾਲੀ ਦਲ (ਬ) ਅਤੇ ਅਕਾਲੀ ਦਲ (ਪੁਨਰ ਸੁਰਜੀਤ) ਵਲੋਂ ਸੰਤ ਲੌਂਗੋਵਾਲ ਦੀ ਬਰਸੀ ਮਨਾਉਣ ਨੂੰ ਲੈ ਕੇ ਰੇੜਕਾ ਬਰਕਰਾਰ

ਲੌਂਗੋਵਾਲ 18 ਅਗਸਤ (ਸ.ਸ. ਖੰਨਾ, ਵਿਨੋਦ)-ਸੰਤ ਹਰਚੰਦ ਸਿੰਘ ਲੌਂਗੋਵਾਲ ਦੀ 41ਵੀਂ ਬਰਸੀ ਮਨਾਉਣ ਲਈ ਸ਼੍ਰੋਮਣੀ ਅਕਾਲੀ ਦਲ (ਬ) ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦਾ ਰੇੜਕਾ ਬਰਕਰਾਰ ਹੈ। ਬੀਤੇ ਦਿਨੀਂ ਸ਼੍ਰੋਮਣੀ ਅਕਾਲੀ ਦਲ (ਬ) ਦੇ ਜਨਰਲ ਸਕੱਤਰ ਵਿਨਰਜੀਤ ਸਿੰਘ ਗੋਲਡੀ ਵਲੋਂ ਅਨਾਜ ਮੰਡੀ ਲੌਂਗੋਵਾਲ ਵਿਖੇ ਇਕ ਮੀਟਿੰਗ ਸੱਦ ਕੇ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਹਰ ਹੀਲੇ ਅਨਾਜ ਮੰਡੀ ਲੌਂਗੋਵਾਲ ਵਿਖੇ ਮਨਾਉਣ ਦਾ ਐਲਾਨ ਕੀਤਾ ਕੀਤਾ ਗਿਆ ਸੀ, ਜਿਸ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਆਗੂ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਵੀ ਇਹ ਦਾਅਵਾ ਜਤਾਇਆ ਜਾ ਚੁੱਕਾ ਹੈ ਕਿ ਅਨਾਜ ਮੰਡੀ ਦੀ ਸ਼ੈੱਡ ਵਾਲੀ ਥਾਂ ਮਾਰਕੀਟ ਕਮੇਟੀ ਵਲੋਂ ਸਾਨੂੰ ਦਿੱਤੀ ਗਈ ਹੈ ਪਰ ਜੇਕਰ ਦੇਖਿਆ ਜਾਵੇ 16 ਅਗਸਤ ਨੂੰ ਸ਼੍ਰੋਮਣੀ ਅਕਾਲੀ ਦਲ (ਬ) ਦੀ ਹੋਈ ਮੀਟਿੰਗ ਤੋਂ ਬਾਅਦ ਅਨਾਜ ਮੰਡੀ ਦੀ ਸਟੇਜ ਉੱਪਰ ਕਬਜ਼ਾ ਕੀਤਾ ਹੋਇਆ ਹੈ। ਅਨਾਜ ਮੰਡੀ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਵਿਨਰਜੀਤ ਗੋਲਡੀ ਨੇ ਪ੍ਰਵਾਨਗੀ ਲਈ ਕੀਤੀ ਕਾਗ਼ਜ਼ੀ ਕਾਰਵਾਈ ਦੇ ਸਬੂਤ ਪੇਸ਼ ਕਰਦਿਆਂ ਕਿਹਾ ਕਿ ਉਨ੍ਹਾਂ ਨੇ 27 ਅਪ੍ਰੈਲ ਨੂੰ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਦਰਖ਼ਾਸਤ ਦੇ ਕੇ ਬਰਸੀ ਸਮਾਗਮ ਅਨਾਜ ਮੰਡੀ ਲੌਂਗੋਵਾਲ ਵਿਖੇ ਕਰਵਾਉਣ ਦੀ ਮੰਗ ਕੀਤੀ ਸੀ। ਸਾਡੀ ਮੰਗ ਨੂੰ ਡਿਪਟੀ ਕਮਿਸ਼ਨਰ ਨੇ ਐਸ.ਡੀ.ਐਮ. ਸੁਨਾਮ ਅਤੇ ਐਸ.ਐਸ.ਪੀ. ਸੰਗਰੂਰ ਨੂੰ ਅਗੇਰਲੀ ਕਰਵਾਈ ਲਈ ਭੇਜ ਦਿੱਤਾ। ਇਸ ਤੋਂ ਬਾਅਦ ਉਨ੍ਹਾਂ ਨੇ ਮਾਰਕੀਟ ਕਮੇਟੀ ਨੂੰ ਸਿਕਿਉਰਿਟੀ ਵਜੋਂ 10 ਹਜ਼ਾਰ ਅਤੇ ਬਣਦੀ ਫ਼ੀਸ 26 ਹਜ਼ਾਰ ਦੇ ਕਰੀਬ ਅਦਾ ਕੀਤੀ, ਜਿਨ੍ਹਾਂ ਦੀਆਂ ਰਸੀਦਾਂ ਵੀ ਉਨ੍ਹਾਂ ਨੂੰ ਪ੍ਰਾਪਤ ਹੋ ਗਈਆਂ ਹਨ। ਸ਼੍ਰੋਮਣੀ ਅਕਾਲੀ ਦਲ (ਬ) ਨੇ ਬਣਦੀ ਫ਼ੀਸ ਸਭ ਤੋਂ ਪਹਿਲਾਂ ਭਰੀ ਹੈ, ਇਸ ਲਈ ਸ਼੍ਰੋਮਣੀ ਅਕਾਲੀ ਦਲ (ਬ) ਦਾ ਅਨਾਜ ਮੰਡੀ ਵਿੱਚ ਸ਼ਰਧਾਂਜਲੀ ਸਮਾਗਮ ਕਰਨ ਦਾ ਪਹਿਲਾ ਹੱਕਦਾਰ ਹੈ ਅਤੇ ਸ਼੍ਰੋਮਣੀ ਅਕਾਲੀ ਦਲ (ਬ) ਬਰਸੀ ਸਮਾਗਮ ਹਰ ਹੀਲੇ ਇਥੇ ਹੀ ਕਰੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਬ) ਦੇ ਸੀਨੀਅਰ ਆਗੂ ਡਾਕਟਰ ਦਲਜੀਤ ਸਿੰਘ ਚੀਮਾ ਵਲੋਂ 17 ਅਗਸਤ ਨੂੰ ਹਾਈ ਕੋਰਟ ਵਿਖੇ ਇਕ ਪਟੀਸ਼ਨ ਦਾਇਰ ਕੀਤੀ ਗਈ ਹੈ, ਜਿਸ ਦਾ ਫੈਸਲਾ ਅੱਜ ਸੁਣਾਇਆ ਜਾਣਾ ਸੀ। ਉਨ੍ਹਾਂ ਕਿਹਾ ਕਿ ਜਿੰਨਾ ਚਿਰ ਅਦਾਲਤ ਵਲੋਂ ਕੋਈ ਫੈਸਲਾ ਨਹੀਂ ਸੁਣਾਇਆ ਜਾਂਦਾ ਤਾਂ ਸਾਡੇ ਵਲੋਂ ਮੰਡੀ ਵਿਚ ਸਟੇਜ ਵਾਲੀ ਥਾਂ ਨੂੰ ਕਿਸੇ ਵੀ ਕੀਮਤ 'ਤੇ ਛੱਡਿਆ ਨਹੀਂ ਜਾਵੇਗਾ।

ਅਦਾਲਤ ਦੇ ਫ਼ੈਸਲੇ ਨੂੰ ਕੀਤਾ ਜਾਵੇਗਾ ਸਵੀਕਾਰ-ਭਾਈ ਲੌਂਗੋਵਾਲ

ਜਦੋਂ ਇਸ ਬਾਰੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਆਗੂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਅਨਾਜ ਮੰਡੀ ਲੌਂਗੋਵਾਲ ਵਿਖੇ ਸ਼ੈੱਡ ਵਾਲੀ ਥਾਂ ਮਾਰਕੀਟ ਕਮੇਟੀ ਦੇ ਵਲੋਂ ਸਾਨੂੰ ਦਿੱਤੀ ਗਈ ਹੈ, ਜਿਸ ਦਾ ਇਕ ਪੱਤਰ ਸਮੇਤ ਨਕਸ਼ਾ ਤਿਆਰ ਕਰਕੇ ਸਾਨੂੰ ਭੇਜਿਆ ਗਿਆ ਹੈ। ਉਨ੍ਹਾਂ ਕਿਹਾ ਪੂਰਨ ਤੌਰ ਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਹੀ ਅਸਲੀ ਹੱਕਦਾਰ ਹੈ। ਉਨ੍ਹਾਂ ਕਿਹਾ ਕਿ ਸਾਡੇ ਵਕੀਲ ਵਲੋਂ ਅੱਜ ਸੰਤ ਲੌਂਗੋਵਾਲ ਦੀ ਬਰਸੀ ਸਮਾਗਮ ਮਨਾਉਣ ਦੇ ਲਈ ਅਨਾਜ ਮੰਡੀ ਵਿਚ ਸ਼ੈੱਡ ਵਾਲੀ ਥਾਂ ਲੈਣ ਲਈ ਅਦਾਲਤ ਵਿੱਚ ਪਟੀਸ਼ਨ ਦਾਇਰ ਕੀਤੀ ਗਈ ਹੈ, ਜਿਸ ਦਾ ਫੈਸਲਾ ਕੱਲ੍ਹ 19 ਅਗਸਤ ਨੂੰ ਹੋਵੇਗਾ।

'ਪੀਐਮ-ਅਭਿਮ' ਤਹਿਤ ਕਰੋੜਾਂ ਦੇ ਫੰਡ ਖਰਚਣ ਦੇ ਬਾਵਜੂਦ ਜ਼ਮੀਨ ਉਤੇ ਜੀਵਨ-ਰੱਖਿਅਕ ਸਿਹਤ ਸਹੂਲਤਾਂ ਅਜੇ ਵੀ ਅਧੂਰੀਆਂ

32 ਹਜ਼ਾਰ ਕਰੋੜ ਦੇ ਬਜਟ ਵਾਲੇ ਹੈਲਥ ਇਨਫਰਾਸਟਰੱਕਚਰ ਮਿਸ਼ਨ ਵਿਚ ਪੰਜਾਬ ਫੰਡ ਖਰਚਣ ਵਿਚ ਪਛੜਿਆ, 2 ਵਰ੍ਹੇ ਧੇਲੀ ਵੀ ਨਹੀਂ ਦਿੱਤੀ

ਨਰਪਿੰਦਰ ਸਿੰਘ ਧਾਲੀਵਾਲ

ਰਾਮਪੁਰਾ ਫੂਲ, 18 ਅਗਸਤ-ਪ੍ਰਧਾਨ ਮੰਤਰੀ ਆਯੁਸ਼ਮਾਨ ਭਾਰਤ ਹੈਲਥ ਇਨਫਰਾਸਟਰੱਕਚਰ ਮਿਸ਼ਨ ਤਹਿਤ ਕਰੋੜਾਂ ਰੁਪਏ ਦੇ ਫੰਡ ਖਰਚਣ ਦੇ ਬਾਵਜੂਦ ਜ਼ਮੀਨ 'ਤੇ ਜੀਵਨ ਰੱਖਿਅਕ ਸਿਹਤ ਸਹੂਲਤਾਂ ਅਜੇ ਵੀ ਅਧੂਰੀਆਂ ਹਨ। ਭਾਰਤ ਸਰਕਾਰ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰਾਲੇ ਦੀ 7 ਅਗਸਤ 2026 ਦੇ ਇਕ ਦਸਤਾਵੇਜ਼ ਅਨੁਸਾਰ, ਪ੍ਰਧਾਨ ਮੰਤਰੀ ਆਯੁਸ਼ਮਾਨ ਭਾਰਤ ਹੈਲਥ ਇਨਫਰਾਸਟਰੱਕਚਰ ਮਿਸ਼ਨ ਦਾ ਮੁੱਖ ਉਦੇਸ਼ ਭਾਰਤ ਦੇ ਜਨਤਕ ਸਿਹਤ ਢਾਂਚੇ ਨੂੰ ਸੁਧਾਰਨਾ ਹੈ ਤਾਂ ਜੋ ਭਵਿੱਖ ਵਿਚ ਮਹਾਮਾਰੀਆਂ ਅਤੇ ਹੋਰ ਸਿਹਤ ਐਮਰਜੈਂਸੀਆਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਸਾਹਮਣਾ ਕੀਤਾ ਜਾ ਸਕੇ। ਇਸ ਮਿਸ਼ਨ ਤਹਿਤ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ 32,961.10 ਕਰੋੜ ਰੁਪਏ ਦੀ ਪ੍ਰਸ਼ਾਸਕੀ ਮਨਜ਼ੂਰੀ ਦਿੱਤੀ ਗਈ ਹੈ। ਇਸ ਭਾਰੀ ਭਰਕਮ ਬਜਟ ਨਾਲ ਪੂਰੇ ਦੇਸ਼ ਵਿਚ 11,001 ਬਿਲਡਿੰਗ-ਰਹਿਤ ਸਬ-ਹੈਲਥ ਸੈਂਟਰ-ਆਯੁਸ਼ਮਾਨ ਅਰੋਗਿਆ ਮੰਦਰ, 5,456 ਸ਼ਹਿਰੀ ਆਯੁਸ਼ਮਾਨ ਅਰੋਗਿਆ ਮੰਦਰ, 2,151 ਬਲਾਕ ਪਬਲਿਕ ਹੈਲਥ ਯੂਨਿਟ, 744 ਇੰਟੀਗ੍ਰੇਟਿਡ ਪਬਲਿਕ ਹੈਲਥ ਲੈਬਾਰਟਰੀਆਂ ਅਤੇ 631 ਕ੍ਰਿਟੀਕਲ ਕੇਅਰ ਬਲਾਕ ਸਥਾਪਤ ਕੀਤੇ ਜਾਣੇ ਹਨ ਪਰ ਜਦੋਂ ਅਸੀਂ ਪੰਜਾਬ ਦੇ ਨਜ਼ਰੀਏ ਤੋਂ ਇਸ ਕੌਮੀ ਧਾਕੇ ਨੂੰ ਦੇਖਦੇ ਹਾਂ ਤਾਂ ਤਸਵੀਰ ਬਹੁਤੀ ਉਤਸ਼ਾਹਜਨਕ ਨਜ਼ਰ ਨਹੀਂ ਆਉਂਦੀ, ਕਿਉਂ ਜੋ ਪਹਿਲਾਂ ਤਾਂ ਪੰਜਾਬ ਨੂੰ ਫੰਡ ਦਿੱਤੇ ਹੀ ਨਹੀਂ ਗਏ ਤੇ ਬਾਅਦ ਵਿਚ ਪੰਜਾਬ ਫੰਡ ਖਰਚਣ ਵਿਚ ਪਛੜ ਗਿਆ। ਦਸਤਾਵੇਜ਼ ਦੇ ਮੁਤਾਬਕ ਪੰਜਾਬ ਵਿਚ ਕੁੱਲ 22 ਕ੍ਰਿਟੀਕਲ ਕੇਅਰ ਬਲਾਕ ਬਣਾਉਣ ਦੀ ਮਨਜ਼ੂਰੀ ਦਿੱਤੀ ਗਈ ਸੀ। ਹੈਰਾਨੀ ਦੀ ਗੱਲ ਇਹ ਹੈ ਕਿ ਇਹ ਸਾਰੇ ਦੇ ਸਾਰੇ 22 ਬਲਾਕ ਅਜੇ ਵੀ ਨਿਰਮਾਣ ਅਧੀਨ ਦਰਸਾਏ ਗਏ ਹਨ ਅਤੇ ਇਨ੍ਹਾਂ ਵਿਚੋਂ ਇਕ ਵੀ ਬਲਾਕ ਫਿਲਹਾਲ ਚਾਲੂ ਹਾਲਤ ਵਿਚ ਨਹੀਂ ਹੈ। ਇਕ ਪਾਸੇ ਜਿੱਥੇ ਗੁਆਂਢੀ

ਰਾਜ ਸਰਕਾਰਾਂ 'ਤੇ ਜ਼ਿੰਮੇਵਾਰੀ ਸੁੱਟ ਕੇ ਕੇਂਦਰ ਸਰਕਾਰ ਹੋ ਜਾਂਦੀ ਹੈ ਸੁਰਖਰੂ

ਸੂਬਾ ਹਰਿਆਣਾ ਆਪਣੇ 22 ਮਨਜ਼ੂਰਸ਼ੁਦਾ ਬਲਾਕਾਂ ਵਿਚੋਂ 8 'ਤੇ ਕੰਮ ਕਰ ਰਿਹਾ ਹੈ। ਸਰਕਾਰੀ ਅੰਕੜੇ ਦੱਸਦੇ ਹਨ ਕਿ ਪੰਜਾਬ ਲਈ 22 ਅਜਿਹੀਆਂ ਲੈਬਾਰਟਰੀਆਂ ਮਨਜ਼ੂਰ ਕੀਤੀਆਂ ਗਈਆਂ ਸਨ ਪਰ ਜ਼ਮੀਨੀ ਪੱਧਰ 'ਤੇ ਅੱਜ ਦੀ ਤਰੀਕ ਤੱਕ ਸਿਰਫ਼ 8 ਲੈਬਾਰਟਰੀਆਂ ਹੀ ਚਾਲੂ ਹੋ ਸਕੀਆਂ ਹਨ, ਜਦਕਿ 14 ਅਜੇ ਵੀ ਨਿਰਮਾਣ ਅਧੀਨ ਹਨ। ਇਹ ਦੇਰੀ ਸਿੱਧੇ ਤੌਰ 'ਤੇ ਆਮ ਲੋਕਾਂ ਨੂੰ ਪ੍ਰਭਾਵਿਤ ਕਰਦੀ ਹੈ, ਜਿਨ੍ਹਾਂ ਨੂੰ ਟੈਸਟ ਕਰਵਾਉਣ ਲਈ ਪ੍ਰਾਈਵੇਟ ਲੈਬਾਰਟਰੀਆਂ ਵਿਚ ਮੋਟੀਆਂ ਰਕਮਾਂ ਖਰਚਣੀਆਂ ਪੈਂਦੀਆਂ ਹਨ। ਸਭ ਤੋਂ ਹੈਰਾਨ ਕਰਨ ਵਾਲਾ ਪਹਿਲੂ ਇਸ ਪ੍ਰੋਜੈਕਟ ਲਈ ਜਾਰੀ ਕੀਤੇ ਗਏ ਫੰਡਾਂ ਦੀ ਵਰਤੋਂ ਨਾਲ ਜੁੜਿਆ ਹੋਇਆ ਹੈ। ਦਸਤਾਵੇਜ਼ ਵਿਚ ਦਿੱਤੇ ਗਏ ਸੂਬਾ-ਵਾਰ ਵਿੱਤੀ ਅੰਕੜਿਆਂ ਅਨੁਸਾਰ ਸਾਲ 2021-22 ਵਿਚ ਪੰਜਾਬ ਲਈ ਕੇਂਦਰ ਵਲੋਂ ਕੋਈ ਫੰਡ ਜਾਰੀ ਨਹੀਂ ਕੀਤਾ ਗਿਆ ਅਤੇ ਖਰਚਾ ਵੀ ਸਿਫ਼ਰ ਰਿਹਾ। ਸਾਲ 2022-23 ਪੰਜਾਬ ਨੂੰ 24.16 ਕਰੋੜ ਰੁਪਏ ਜਾਰੀ ਕੀਤੇ ਪਰ ਸੂਬਾ ਸਰਕਾਰ ਦੀ ਮਸ਼ੀਨਰੀ ਇੰਨੀ ਸੁਸਤ ਰਹੀ ਕਿ ਇਸ ਵਿਚੋਂ ਇਕ ਵੀ ਪੈਸਾ ਜ਼ਮੀਨ 'ਤੇ ਖਰਚ ਨਹੀਂ ਕੀਤਾ ਜਾ ਸਕਿਆ, ਜਿਸ ਕਾਰਨ ਖਰਚਾ 0.00 ਦਰਸਾਇਆ ਗਿਆ ਹੈ।ਸਾਲ 2023-24 ਵਿਚ ਕੇਂਦਰ ਵਲੋਂ ਕੋਈ ਨਵਾਂ ਫੰਡ ਜਾਰੀ ਨਹੀਂ ਹੋਇਆ ਪਰ ਪਿਛਲੇ ਬਕਾਏ ਵਿਚੋਂ ਸੂਬੇ ਨੇ ਮਹਿਜ਼ 2.07 ਕਰੋੜ ਰੁਪਏ ਹੀ ਖਰਚੇ। ਸਥਿਤੀ ਵਿਚ ਥੋੜ੍ਹਾ ਸੁਧਾਰ ਸਾਲ 2024-25 ਵਿਚ ਦੇਖਣ ਨੂੰ ਮਿਲਿਆ ਜਦੋਂ 8.92 ਕਰੋੜ ਰੁਪਏ ਦੇ ਕੇਂਦਰੀ ਫੰਡ ਦੇ ਮੁਕਾਬਲੇ 45.33 ਕਰੋੜ ਰੁਪਏ ਦਾ ਖਰਚਾ ਰਿਪੋਰਟ ਕੀਤਾ ਗਿਆ, ਜੋ ਪੁਰਾਣੇ ਅਣਵਰਤੇ ਫੰਡਾਂ ਦੀ ਵਰਤੋਂ ਨੂੰ ਦਰਸਾਉਂਦਾ ਹੈ। ਇਸੇ ਤਰ੍ਹਾਂ ਸਾਲ 2025-26 ਵਿਚ 71.66 ਕਰੋੜ ਦੇ ਜਾਰੀ ਫੰਡਾਂ ਦੇ ਮੁਕਾਬਲੇ 119.44 ਕਰੋੜ ਰੁਪਏ ਦਾ ਖਰਚਾ ਦਿਖਾਇਆ ਗਿਆ ਹੈ। ਇਹ ਅੰਕੜੇ ਸਾਬਤ ਕਰਦੇ ਹਨ ਕਿ ਸ਼ੁਰੂਆਤੀ ਸਾਲਾਂ ਵਿਚ ਭਾਰੀ ਢਿੱਲਮੱਠ ਵਰਤੀ ਗਈ।ਕੇਂਦਰ ਸਰਕਾਰ ਦਾ ਸਪਸ਼ਟ ਜਵਾਬ ਹੈ ਕਿ ਪਬਲਿਕ ਹੈਲਥ ਅਤੇ ਹਸਪਤਾਲ ਰਾਜ ਸਰਕਾਰ ਦਾ ਵਿਸ਼ਾ ਹਨ ਅਤੇ ਸਕੀਮ ਨੂੰ ਲਾਗੂ ਕਰਨ ਦੀ ਮੁੱਖ ਜ਼ਿੰਮੇਵਾਰੀ ਸਬੰਧਤ ਰਾਜ ਸਰਕਾਰ ਦੀ ਹੁੰਦੀ ਹੈ। ਕੇਂਦਰ ਵਲੋਂ ਇਕ ਬਹੁ-ਪੱਧਰੀ ਨਿਗਰਾਨੀ ਢਾਂਚਾ ਬਣਾਇਆ ਗਿਆ ਹੈ, ਜਿਸ ਵਿਚ ਆਊਟਪੁੱਟ-ਆਊਟਕਮ ਮੋਨੀਟਰਿੰਗ ਫਰੇਮਵਰਕ ਰਾਹੀਂ ਮੁਲਾਂਕਣ, ਐਨ.ਪੀ.ਸੀ.ਸੀ. ਦੀਆਂ ਮੀਟਿੰਗਾਂ ਅਤੇ ਸਾਲਾਨਾ ਕਾਮਨ ਰਿਵਿਊ ਮਿਸ਼ਨ ਸ਼ਾਮਿਲ ਹਨ, ਜੋ ਜ਼ਮੀਨੀ ਪੱਧਰ 'ਤੇ ਕਮੀਆਂ ਦੀ ਪਛਾਣ ਕਰਦੇ ਹਨ ਪਰ ਇੰਨੀ ਸਖ਼ਤ ਨਿਗਰਾਨੀ ਦੇ ਬਾਵਜੂਦ ਪੰਜਾਬ ਵਿਚ ਪ੍ਰੋਜੈਕਟਾਂ ਦਾ ਲਟਕਣਾ ਇਸ ਗੱਲ ਦਾ ਪ੍ਰਮਾਣ ਹੈ ਕਿ ਸੂਬਾ ਪੱਧਰ 'ਤੇ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕਰਨ ਵਿਚ ਕਿਤੇ ਨਾ ਕਿਤੇ ਵੱਡੀ ਚੂਕ ਹੋ ਰਹੀ ਹੈ।

ਔਰਤਾਂ ਤੇ ਨਾਬਾਲਗਾਂ ਨੂੰ ਵੀ ਕੋਰੀਅਰ ਵਜੋਂ...

(ਸਫ਼ਾ 3 ਦੀ ਬਾਕੀ)

ਰਹੀ ਹੈ। ਮਾਹਿਰਾਂ ਮੁਤਾਬਿਕ ਨਸ਼ਾ ਤਸਕਰ ਨੌਜਵਾਨਾਂ ਅਤੇ ਨਾਬਾਲਗਾਂ ਨੂੰ ਆਸਾਨੀ ਨਾਲ ਪ੍ਰਭਾਵਿਤ ਕਰਕੇ ਜਾਂ ਲਾਲਚ ਦੇ ਕੇ ਆਪਣੇ ਨੈੱਟਵਰਕ ਦਾ ਹਿੱਸਾ ਬਣਾਉਣ ਦੀ ਕੋਸ਼ਿਸ਼ ਕਰ ਸਕਦੇ ਹਨ। ਸਰਹੱਦੀ ਖੇਤਰ ਵਿਚ ਡਰੋਨ ਰਾਹੀਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਮਾਮਲੇ ਵੀ ਪਹਿਲਾਂ ਸਾਹਮਣੇ ਆ ਚੁੱਕੇ ਹਨ। ਅਜਿਹੇ ਨੈੱਟਵਰਕਾਂ 'ਤੇ ਨਕੇਲ ਕੱਸਣ ਲਈ ਪੁਲਿਸ ਅਤੇ ਸੁਰੱਖਿਆ ਏਜੰਸੀਆਂ ਵਲੋਂ ਲਗਾਤਾਰ ਨਿਗਰਾਨੀ ਅਤੇ ਜਾਂਚ ਕੀਤੀ ਜਾ ਰਹੀ ਹੈ।ਲੋਕਾਂ ਦਾ ਕਹਿਣਾ ਹੈ ਕਿ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਸਿਰਫ਼ ਗ੍ਰਿਫ਼ਤਾਰੀਆਂ ਹੀ ਨਹੀਂ, ਸਗੋਂ ਨੌਜਵਾਨਾਂ ਅਤੇ ਨਾਬਾਲਗਾਂ ਨੂੰ ਨਸ਼ਾ ਤਸਕਰਾਂ ਦੇ ਚੁੰਗਲ ਤੋਂ ਬਚਾਉਣ ਲਈ ਜਾਗਰੂਕਤਾ ਵੀ ਜ਼ਰੂਰੀ ਹੈ। ਮਾਪਿਆਂ, ਅਧਿਆਪਕਾਂ ਅਤੇ ਸਮਾਜਿਕ ਸੰਸਥਾਵਾਂ ਨੂੰ ਵੀ ਨੌਜਵਾਨਾਂ ਦੀਆਂ ਗਤੀਵਿਧੀਆਂ 'ਤੇ ਧਿਆਨ ਦੇਣ ਦੇ ਨਾਲ ਉਨ੍ਹਾਂ ਨਾਲ ਖੁੱਲ੍ਹ ਕੇ ਗੱਲਬਾਤ ਕਰਨੀ ਚਾਹੀਦੀ ਹੈ। ਨਸ਼ਾ ਤਸਕਰਾਂ ਵਲੋਂ ਔਰਤਾਂ ਅਤੇ ਨਾਬਾਲਗਾਂ ਨੂੰ ਕਥਿਤ ਤੌਰ 'ਤੇ ਕੋਰੀਅਰ ਵਜੋਂ ਵਰਤਣ ਦੀਆਂ ਘਟਨਾਵਾਂ ਨੇ ਇਕ ਵਾਰ ਫਿਰ ਸਵਾਲ ਖੜ੍ਹਾ ਕੀਤਾ ਹੈ ਕਿ ਇਸ ਗੈਰ ਕਾਨੂੰਨੀ ਨੈੱਟਵਰਕ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਪੁਲਿਸ ਅਤੇ ਸਮਾਜ ਨੂੰ ਹੋਰ ਕਿੰਨੇ ਸਾਂਝੇ ਯਤਨ ਕਰਨੇ ਪੈਣਗੇ।

ਮਾਮੂਲੀ ਝਗੜੇ ਤੋਂ...

(ਸਫ਼ਾ 3 ਦੀ ਬਾਕੀ)

ਦੀ ਧੌਣ ਵਿਚ ਲੱਗੀ। ਗੰਭੀਰ ਹਾਲਤ ਵਿਚ ਉਸ ਨੂੰ ਦਿਆਨੰਦ ਹਸਪਤਾਲ ਲਿਆਂਦਾ ਗਿਆ, ਜਿਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਜਦਕਿ ਗੋਲੀ ਲੱਗਣ ਕਾਰਨ ਉਸ ਦਾ ਦੋਸਤ ਸੰਜੇ ਜ਼ਖਮੀ ਹੋ ਗਿਆ। ਜਾਂਚ ਅਧਿਕਾਰੀ ਐਸ.ਐਚ.ਓ. ਅਸ਼ਵਨੀ ਕੁਮਾਰ ਨੇ ਦੱਸਿਆ ਕਿ ਪੁਲਿਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਅਕਾਲੀ ਦਲ (ਵਾਰਿਸ ਪੰਜਾਬ...

(ਸਫ਼ਾ 3 ਦੀ ਬਾਕੀ)

ਵਿਚਾਰਿਆਂ ਵੀ ਜਾ ਸਕਦਾ ਹੈ। ਦਲ ਦੇ ਸੀਨੀਅਰ ਆਗੂ ਤੇ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਕਿਹਾ ਕਿ ਰਾਜ ਦੇ ਮੌਜੂਦਾ ਰਾਜਸੀ ਹਲਾਤਾਂ ਨੂੰ ਦੇਖਦਿਆਂ ਸੂਬੇ 'ਚ ਮਜ਼ਬੂਤ ਖੇਤਰੀ ਪਾਰਟੀ ਦੀ ਜ਼ਰੂਰਤ ਹੈ। ਇਆਲੀ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਆਪਣੇ ਆਪਸੀ ਵਖਰੇਵੇਂ ਭੁਲਾ ਕੇ ਅਕਾਲੀ ਦਲ (ਵਾਰਿਸ ਪੰਜਾਬ ਦੇ) ਦਾ ਸਹਿਯੋਗ ਕਰਨ। ਉਨ੍ਹਾਂ ਦਾਅਵਾ ਕੀਤਾ ਕਿ ਸੂਬੇ 'ਚ ਪਾਰਟੀ ਨੂੰ ਦਿਨੋਂ-ਦਿਨ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਕੇਂਦਰ ਦੀ ਭਾਜਪਾ ਅਤੇ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਬੰਦੀ ਸਿੰਘਾਂ ਤੇ ਹੋਰ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੰਘਾਂ ਨੂੰ ਰਿਹਾਅ ਕਰਨ ਲਈ ਬੇਵਜ੍ਹਾ ਅੜਿੱਕੇ ਖੜ੍ਹੇ ਕਰ ਰਹੀ ਹੈ। ਇਸ ਮੌਕੇ ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਬਾਬਾ ਰਾਜਾ ਰਾਮ ਸਿੰਘ ਜਥੇਦਾਰ ਅਰਬਾਂ ਖਰਬਾਂ ਦਲ, ਮਰਹੂਮ ਦੀਪ ਸਿੱਧੂ ਦਾ ਭਰਾ ਮਨਦੀਪ ਸਿੰਘ ਸਿੱਧੂ, ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਔਲਖ, ਮਨਜੀਤ ਸਿੰਘ ਬੱਪੀਆਣਾ, ਅਵਤਾਰ ਸਿੰਘ ਜਵਾਹਰਕੇ ਆਦਿ ਹਾਜ਼ਰ ਸਨ।

ਹੋਰਮੁਜ਼ ਜਲਡਮਰੂ 'ਚੋਂ ਲੰਘਦੇ ਸਮੇਂ ਜਹਾਜ਼ 'ਤੇ ਹਮਲਾ ਕੀਤਾ

ਦੁਬਈ,